# Press Note

**Jagat Guru Nanak Dev**
**Punjab State Open University, Patiala**
(Established by Act No.19 of 2019 of Legislature of the State of Punjab)

**PSOU/PRO/2026/204** **Date: 29-11-2025**

## ਓਪਨ ਯੂਨੀਵਰਸਿਟੀ ਵੱਲੋਂ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਰੀਜਨਲ ਸੈਂਟਰ ਸਥਾਪਿਤ

**29 ਨਵੰਬਰ 2025**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਵਾਈਸ-ਚਾਂਸਲਰ, ਪ੍ਰੋ. (ਡਾ.) ਰਤਨ ਸਿੰਘ ਦੀ ਯੋਗ ਅਗਵਾਈ ਹੇਠ ਯੂਨੀਵਰਸਿਟੀ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਰੀਜਨਲ ਸੈਂਟਰ ਸਥਾਪਿਤ ਕੀਤੇ ਗਏ ਹਨ। ਇਸ ਉਪਰਾਲੇ ਦਾ ਮੁੱਖ ਉਦੇਸ਼ ਸੂਬੇ ਦੇ ਹਰ ਕੋਨੇ ਤੱਕ ਉੱਚ ਸਿੱਖਿਆ ਦੀ ਪਹੁੰਚ ਨੂੰ ਯਕੀਨੀ ਬਣਾਉਣਾ ਹੈ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ ਦਾ ਮਕਸਦ ਸਿੱਖਿਆ ਨੂੰ ਹਰ ਵਰਗ ਤੱਕ ਪਹੁੰਚਾਉਣਾ ਹੈ ਅਤੇ ਰੀਜਨਲ ਸੈਂਟਰਾਂ ਦੀ ਸਥਾਪਨਾ ਨਾਲ ਇਹ ਲਕਸ਼ ਹਾਸਲ ਕਰਨ ਵਿੱਚ ਵੱਡੀ ਮਦਦ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਯੂਨੀਵਰਸਿਟੀ ਭਵਿੱਖ ਵਿੱਚ ਹੋਰ ਵੀ ਨਵੇਂ ਕੋਰਸ ਅਤੇ ਸਹੂਲਤਾਂ ਸ਼ੁਰੂ ਕਰਨ ਦੀ ਯੋਜਨਾ ਬਣਾ ਰਹੀ ਹੈ।

ਹੁਣ ਤੱਕ ਯੂਨੀਵਰਸਿਟੀ ਵੱਲੋਂ ਅਲੱਗ ਅਲੱਗ ਜ਼ਿਲਿਆਂ ਵਿੱਚ ਸੱਤ ਰੀਜਨਲ ਸੈਂਟਰ ਮਾਤਾ ਸੀਤੋ ਕਾਲਜ ਆਫ ਐਜੂਕੇਸ਼ਨ, ਕੋਟ ਧਰਮੇ, ਮਾਨਸਾ- ਜੋਨ 01; ਕੇ.ਐਮ.ਐਸ. ਕਾਲਜ ਆਫ ਆਈ.ਟੀ. ਐਂਡ ਮੈਨੇਜਮੈਂਟ, ਦਸੂਹਾ, ਹੁਸ਼ਿਆਰਪੁਰ, ਜੋਨ -02; ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸਰਹਾਲੀ, ਤਰਨ ਤਾਰਨ, ਜੋਨ-03; ਗੁਰੂ ਗੋਬਿੰਦ ਸਿੰਘ ਕਾਲਜ, ਸੰਘੇੜਾ, ਬਰਨਾਲਾ, ਜੋਨ-4; ਲਾਇਲਪੁਰ ਖਾਲਸਾ ਕਾਲਜ, ਕਪੂਰਥਲਾ, ਜੋਨ-05; ਸਨੀ ਉਬਰਾਏ ਵਿਵੇਕ ਸਦਨ ਐਡਵਾਂਸ ਇਨਸਟੀਚਿਊਟ ਆਫ ਸੋਸ਼ਲ ਸਾਇੰਸ, ਸ੍ਰੀ ਅਨੰਦਪੁਰ ਸਾਹਿਬ ਜੋਨ-06 ਅਤੇ ਸੰਤ ਕਬੀਰ ਕਾਲਜ, ਜੀਰਾ, ਫਿਰੋਜ਼ਪੁਰ, ਜੋਨ-07 ਸਥਾਪਿਤ ਕੀਤੇ ਗਏ ਹਨ।

ਡਾਇਰੈਕਟਰ ਲੋਕ ਸੰਪਰਕ
Director-Pub
Jagat Guru N
Punjab State Open University
Patiala – 147001(PB) INDIA

## Links

**Learning Centers | Jagat Guru Nanak Dev Punjab State Open University, Patiala**
**https://share.google/I9kvjHPzQ0QVnx4d5**